ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਕੋਵਿਡ-19 ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ ਹਜਾਮਤ ਦੀਆਂ ਦੁਕਾਨਾਂ/ ਸੈਲੂਨਜ਼ ਲਈ ਐਡਵਾਇਜ਼ਰੀ ਜਾਰੀ

ਬਰਨਾਲਾ, 25 ਮਈ :
ਸਿਹਤ ਵਿਭਾਗ ਵੱਲੋਂ ਕੋਵਿਡ-19 ਮਹਾਮਾਰੀ ਦੇ ਮੱਦੇਨਜ਼ਰ ਹਜਾਮਤ ਦੀਆਂ ਦੁਕਾਨਾਂ/ਹੇਅਰ-ਕੱਟ ਸੈਲੂਨਾਂ ਦੀ ਸਫ਼ਾਈ ਅਤੇ ਸਵੱਛਤਾ ਬਣਾਏ ਰੱਖਣ ਸਬੰਧੀ ਵਿਸਥਾਰਤ ਐਡਵਾਇਜ਼ਰੀ ਜਾਰੀ ਕੀਤੀ ਗਈ ਹੈ।
ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਭਾਗ ਦੇ ਇਕ ਬੁਲਾਰੇ ਨੇ ਦੱਸਿਆ ਕਿ ਹਜਾਮਤ ਦੀ ਦੁਕਾਨ/ ਹੇਅਰ-ਕੱਟ ਸੈਲੂਨ ਦੇ ਮਾਲਕ ਨੂੰ ਇਹ ਯਕੀਨੀ ਬਣਾਉਣਾ ਹੋਵੇਗਾ ਕਿ ਕੋਈ ਵੀ ਸਟਾਫ ਮੈਂਬਰ ਜਿਸ ਵਿਚ ਕੋਵੀਡ-19 (ਬੁਖਾਰ, ਸੁੱਕੀ ਖੰਘ, ਸਾਹ ਲੈਣ ਵਿਚ ਤਕਲੀਫ਼ ਆਦਿ) ਦੇ ਲੱਛਣ ਹੋਣ, ਨੂੰ ਕੰਮ ’ਤੇ ਨਾ ਬੁਲਾਇਆ ਜਾਵੇ ਅਤੇ ਉਕਤ ਵਿਅਕਤੀ ਤੁਰੰਤ ਡਾਕਟਰੀ ਸਲਾਹ ਲੈ ਕੇ ਘਰ ਦੇ ਅੰਦਰ ਰਹੇ। ਇਸੇ ਤਰ੍ਹਾਂ ਅਜਿਹੇ ਲੱਛਣ ਪਾਏ ਜਾਣ ਵਾਲੇ ਕਿਸੇ ਵੀ ਗਾਹਕ ਦਾ ਕੰਮ ਨਾ ਕੀਤਾ ਜਾਵੇ। ਜਿਸ ਕੇਸ ਵਿੱਚ ਕਿਸੇ ਨੂੰ (ਜਿਵੇਂ ਮਾਤਾ-ਪਿਤਾ/ਗਾਰਡੀਅਨਜ਼) ਨਾਲ ਲਿਆਉਣਾ ਜ਼ਰੂਰੀ ਨਾ ਹੋਵੇ ਦੁਕਾਨ ’ਤੇ ਆਉਣ ਵਾਲੇ ਗਾਹਕ ਆਪਣੇ ਨਾਲ ਕਿਸੇ ਹੋਰ ਵਿਅਕਤੀ ਨੂੰ ਨਾਲ ਨਾ ਲੈ ਕੇ ਆਉਣ। ਬੁਲਾਰੇ ਨੇ ਅੱਗੇ ਕਿਹਾ ਕਿ ਹਜਾਮਤ ਦੀ ਦੁਕਾਨਾਂ/ਹੇਅਰ-ਕੱਟ ਸੈਲੂਨ ਦੇ ਮਾਲਕ ਇਹ ਯਕੀਨੀ ਬਣਾਉਣਗੇ ਕਿ ਉਨ੍ਹਾਂ ਦੀ ਦੁਕਾਨ / ਸੈਲੂਨ ਵਿਚ ਬੇਲੋੜੀ ਭੀੜ ਨਾ ਹੋਵੇ।
ਇਸ ਤੋਂ ਇਲਾਵਾ ਸੇਵਾਵਾਂ ਲੈਣ ਸਮੇਂ ਗਾਹਕਾਂ ਵੱਲੋਂ ਸੰਭਵ ਹੱਦ ਤੱਕ ਮਾਸਕ ਦੀ ਵਰਤੋਂ ਕੀਤੀ ਜਾਵੇ। ਹਜਾਮਤ ਦੀ ਦੁਕਾਨ/ਹੇਅਰ-ਕੱਟ ਸੈਲੂਨ ਦੇ ਮਾਲਕ ਅਤੇ ਉੱਥੇ ਕੰਮ ਕਰਨ ਵਾਲੇ ਸਟਾਫ਼ ਵੱਲੋਂ ਲਾਜ਼ਮੀ ਤੌਰ ’ਤੇ ਮਾਸਕ ਦੀ ਵਰਤੋਂ ਕੀਤੀ ਜਾਵੇ। ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਗਾਹਕਾਂ ਅਤੇ ਸਟਾਫ ਦੇ ਆਪਸੀ ਵਿਹਾਰ ਦੌਰਾਨ ਕੋਵਿਡ -19 ਦੀ ਰੋਕਥਾਮ ਨਾਲ ਸਬੰਧਤ ਸਾਰੇ ਦਿਸ਼ਾ-ਨਿਰਦੇਸ਼ਾਂ ਜਿਵੇਂ ਕਿ ਵਾਰ-ਵਾਰ ਹੱਥ ਧੋਣਾ (ਸਾਬਣ ਅਤੇ ਪਾਣੀ ਜਾਂ ਅਲਕੋਹਲ ਅਧਾਰਿਤ ਹੈਂਡ ਸੈਨੀਟਾਈਜ਼ਰ ਨਾਲ), ਇੱਕ ਮੀਟਰ ਦੀ ਸਰੀਰਕ ਦੂਰੀ ਬਣਾਈ ਰੱਖਣਾ, ਰੈਸਪੀਰੇਟਰੀ (ਸੁਆਸ ਕਿਰਿਆ ਸਬੰਧੀ) ਹਾਈਜੀਨ ਦੀ ਪਾਲਣਾ, ਬਿਮਾਰੀ ਦੇ ਲੱਛਣਾਂ ’ਤੇ ਨਜ਼ਰ ਰੱਖਣਾ, ਜਨਤਕ ਥਾਵਾਂ ’ਤੇ ਨਾ ਥੁੱਕਣਾ ਆਦਿ ਦੀ ਲਾਜ਼ਮੀ ਤੌਰ ’ਤੇ ਪਾਲਣਾ ਕੀਤੀ ਜਾਵੇ।
ਇਸ ਤੋਂ ਇਲਾਵਾ ਜਿੱਥੋਂ ਤੱਕ ਹੋ ਕੇ ਦੁਕਾਨ ਮਾਲਕਾਂ ਵੱਲੋਂ ਗਾਹਕਾਂ ਨੂੰ ਡਿਜੀਟਲ ਭੁਗਤਾਨ ਦੇ ਤਰੀਕਿਆਂ ਦੀ ਵਰਤੋਂ ਕਰਨ ਲਈ ਉਤਸ਼ਾਹਿਤ ਕੀਤਾ ਜਾਵੇ। ਜੇ ਨਕਦੀ ਦਾ ਲੈਣ-ਦੇਣ ਕੀਤਾ ਜਾਂਦਾ ਹੈ ਤਾਂ ਦੁਕਾਨਦਾਰ, ਸਟਾਫ਼ ਅਤੇ ਗਾਹਕ ਨਕਦੀ ਦੇ ਲੈਣ-ਦੇਣ ਤੋਂ ਪਹਿਲਾਂ ਅਤੇ ਬਾਅਦ ਆਪਣੇ ਹੱਥਾਂ ਨੂੰ ਤੁਰੰਤ ਸਾਫ਼ ਕਰਨਗੇ।
ਦੁਕਾਨਾਂ ਦੀ ਢੁੱਕਵੀਂ ਸਾਫ਼-ਸਫ਼ਾਈ ਸਬੰਧੀ ਸਰਵਿਸ ਰੂਮ, ਉਡੀਕ ਵਾਲੀਆਂ ਥਾਵਾਂ, ਕੰਮ ਕਰਨ ਵਾਲੀਆਂ ਥਾਵਾਂ ਆਦਿ ਸਮੇਤ ਅੰਦਰੂਨੀ ਖੇਤਰਾਂ ਨੂੰ ਹਰ 2-3 ਘੰਟੇ ਅੰਦਰ ਢੁਕਵੀਂ ਤਰ੍ਹਾਂ ਸਾਫ਼ ਕਰਨ ਦੀ ਸਲਾਹ ਦਿੱਤੀ ਗਈ ਹੈ। ਫਰਸ਼ਾਂ ਨੂੰ 1% ਸੋਡੀਅਮ ਹਾਈਪੋਕਲੋਰਾਈਟ ਜਾਂ ਮਾਰਕੀਟ ਵਿੱਚ ਉਪਲੱਬਧ ਇਸਦੇ ਬਰਾਬਰ ਦੇ ਕਿਸੇ ਹੋਰ ਡਿਸਇਨਫੈਕਟੈਂਟ ਨਾਲ ਸਾਫ ਕੀਤਾ ਜਾਵੇ। ਫਰਨੀਚਰ ਅਤੇ ਅਕਸਰ ਛੂਹੀਆਂ ਜਾਣ ਵਾਲੀਆਂ ਸਤਿਹਾਂ ਅਤੇ ਅਤੇ ਚੀਜ਼ਾਂ ਨੂੰ ਨਿਯਮਤ ਤੌਰ ’ਤੇ ਸਾਫ / ਡਿਸਇਨਫੈਕਟ ਕੀਤਾ ਜਾਵੇ।
ਉਪਕਰਨਾਂ (ਕੈਂਚੀ, ਉਸਤਰਾ, ਕੰਘੀ, ਸਟਾਈਲਿੰਗ ਟੂਲਜ਼) ਨੂੰ ਹਰ ਵਰਤੋਂ ਦੇ ਬਾਅਦ 1% ਸੋਡੀਅਮ ਹਾਈਪੋਕਲੋਰਾਈਟ ਨਾਲ ਸਾਫ਼ ਕੀਤੇ ਜਾਵੇ। ਕੰਮ ਦੌਰਾਨ ਵਰਤੇ ਜਾਣ ਵਾਲੇ ਕੱਪੜੇ, ਤੌਲੀਏ ਅਤੇ ਸਬੰਧਤ ਚੀਜ਼ਾਂ ਨੂੰ ਨਿਯਮਿਤ ਤੌਰ ’ਤੇ ਸਾਫ਼ ਕੀਤਾ ਅਤੇ ਧੋਤਾ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ

ਕਰੋਨਾ ਸੰਕਟ ਦੌਰਾਨ ਵਰਦਾਨ ਸਾਬਿਤ ਹੋ ਰਹੀ ਹੈ 'ਗ਼ਰੀਬ ਕਲਿਆਣ ਅੰਨ ਯੋਜਨਾ'

ਯੋਜਨਾ ਤਹਿਤ ਜ਼ਿਲ੍ਹੇ ਵਿਚ 43 ਹਜ਼ਾਰ 900 ਪਰਿਵਾਰਾਂ ਨੂੰ ਵੰਡਿਆ ਜਾ ਚੁੱਕਿਐ ਮੁਫ਼ਤ ਰਾਸ਼ਨ
* ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ ਕੀਤੀ ਗਈ 28,500 ਰਾਸ਼ਨ ਕਿੱਟਾਂ ਦੀ ਵੰਡ
ਬਰਨਾਲਾ, 25 ਮਈ :
ਕੋਰੋਨਾ ਮਹਾਮਾਰੀ ਦੌਰਾਨ ਗਰੀਬ ਲੋਕਾਂ ਤੱਕ ਪੰਜਾਬ ਸਰਕਾਰ ਵੱਲੋਂ ਮੁਫ਼ਤ ਰਾਸ਼ਨ ਮੁਹੱਈਆ ਕਰਵਾਉਣ ਦੀ ਮੁਹਿੰਮ ਜਿੱਥੇ ਲੋੜਵੰਦਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ, ਉਥੇ ਲੋਕਾਂ ਵੱਲੋਂ ਵੀ ਕੋਵਿਡ 19 ਤਹਿਤ ਜਾਰੀ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ।
ਜ਼ਿਲ੍ਹਾ ਖ਼ੁਰਾਕ ਸਪਲਾਈ ਵਿਭਾਗ ਬਰਨਾਲਾ ਵੱਲੋਂ ਕੈਬਨਿਟ ਮੰਤਰੀ ਭਾਰਤ ਭੂਸ਼ਨ ਆਸ਼ੂ ਦੀ ਅਗਵਾਈ ਹੇਠ 'ਗਰੀਬ ਕਲਿਆਣ ਅੰਨ ਯੋਜਨਾ' ਤਹਿਤ ਗ਼ਰੀਬ ਲੋਕਾਂ ਨੂੰ 15 ਕਿਲੋ ਪ੍ਰਤੀ ਮੈਂਬਰ ਕਣਕ ਅਤੇ ਪ੍ਰਤੀ ਪਰਿਵਾਰ ਤਿੰਨ ਕਿੱਲੋ ਦਾਲ ਤਿੰਨ ਮਹੀਨਿਆਂ ਲਈ ਮੁਫ਼ਤ ਵੰਡੀ ਜਾ ਰਹੀ ਹੈ। ਇਸ ਤਹਿਤ ਜ਼ਿਲ੍ਹਾ ਬਰਨਾਲਾ ਵਿਚ ਕੁੱਲ 64 ਹਜ਼ਾਰ 533 ਕਾਰਡ ਧਾਰਕ ਹਨ, ਜਿਨ੍ਹਾਂ ਵਿਚੋਂ 43 ਹਜ਼ਾਰ 900 ਪਰਿਵਾਰਾਂ ਨੂੰ ਮੁਫ਼ਤ ਰਾਸ਼ਨ ਦਿੱਤਾ ਜਾ ਚੁੱਕਿਆ ਹੈ ਅਤੇ ਬਾਕੀ ਰਹਿੰਦੇ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਵਾਉਣ ਦਾ ਸਿਲਸਿਲਾ ਜਾਰੀ ਹੈ।
ਇਸ ਤੋਂ ਇਲਾਵਾ ਜ਼ਿਲ੍ਹਾ ਪ੍ਰਸ਼ਾਸਨ ਦੀ ਮਦਦ ਨਾਲ 28,500 ਰਾਸ਼ਨ ਕਿੱਟਾਂ (10 ਕਿੱਲੋ ਆਟਾ, 2 ਕਿੱਲੋ ਚੀਨੀ ਅਤੇ 2 ਕਿੱਲੋ ਦਾਲ) ਗ਼ਰੀਬ ਪਰਿਵਾਰਾਂ ਨੂੰ ਵੰਡਣ ਦਾ ਕੰਮ ਵੀ ਕੀਤਾ ਜਾ ਚੁੱਕਾ ਹੈ। ਇਹ ਵੀ ਦੱਸਣਯੋਗ ਹੈ ਕਿ ਜ਼ਿਲ੍ਹਾ ਖ਼ੁਰਾਕ ਤੇ ਸਪਲਾਈ ਵਿਭਾਗ ਬਰਨਾਲਾ ਵੱਲੋਂ ਹਾੜੀ ਦੇ ਸੀਜ਼ਨ ਮੌਕੇ 503664 ਮੀਟ੍ਰਿਕ ਟਨ ਕਣਕ ਦੀ ਖ਼ਰੀਦ ਨਿਰਵਿਘਨ ਕੀਤੀ ਗਈ ਅਤੇ ਕਣਕ ਦੀ ਚੁਕਵਾਈ ਤੇ ਅਦਾਇਗੀ ਵੀ ਸਮੇਂ ਸਿਰ ਕੀਤੀ ਗਈ।

ਕੈਪਸ਼ਨ: ਜ਼ਿਲ੍ਹਾ ਬਰਨਾਲਾ ਵਿਚ ਰਾਸ਼ਨ ਵੰਡ ਨਾਲ ਸਬੰਧਤ ਫਾਈਲ ਫੋਟੋ।

ਮੈਨਪਾਵਰ ਦੀ ਲੋੜ ਦੀ ਪੂਰਤੀ ਵਾਸਤੇ ਵਿਸ਼ੇਸ਼ ਲਿੰਕ ਤਿਆਰ
ਬਰਨਾਲਾ, 25 ਮਈ :
ਪੰਜਾਬ ਸਰਕਾਰ ਨੇ ਦੁਕਾਨਦਾਰ/ਵਪਾਰੀਆਂ/ਫੈਕਟਰੀਆਂ ਦੇ ਮਾਲਕਾਂ ਨੂੰ ਆਪਣੇ ਕਾਰੋਬਾਰ ਵਾਸਤੇ ਮੈਨਪਾਵਰ (ਕਾਮਿਆਂ) ਦੀ ਮੰਗ ਦੀ ਪੂਰਤੀ ਲਈ ਵਿਸ਼ੇਸ਼ ਲਿੰਕ ਤਿਆਰ ਕੀਤਾ ਹੈ। ਇਹ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਵਿਖੇ ਤਾਇਨਾਤ ਪਲੇਸਮੈਂਟ ਅਫ਼ਸਰ ਮਿਸ ਸੋਨਾਕਸ਼ੀ ਨੰਗਲਾ ਨੇ ਦੱਸਿਆ ਕਿ ਇਸ ਲਿੰਕ ਰਾਹੀਂ https://docs.google.com/forms/d/e/1FAIpQLSfrBcP3yxN_IPJN8Cn63OsK3fCQUhcRfrjJ4kcgx1uVzOjeCg/viewform
ਕਾਰੋਬਾਰੀ ਵੱਲੋਂ ਲੋੜੀਂਦੀ ਮੈਨਪਾਵਰ ਹਾਇਰ ਕਰ ਸਕਦੀ ਹੈ । ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ, ਬਰਨਾਲਾ ਵਿਖੇ ਕਿਸੇ ਵੀ ਕੰਮ ਵਾਲੇ ਦਿਨ ਸਵੇਰੇ 9 ਤੋਂ ਸ਼ਾਮ 5 ਵਜੇ ਤੱਕ (ਸੰਪਰਕ ਨੰਬਰ 01679-232342) ਸੰਪਰਕ ਕੀਤਾ ਜਾ ਸਕਦਾ ਹੈ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਬਰਨਾਲਾ
ਸਿਹਤ ਵਿਭਾਗ ਵੱਲੋਂ ਬੱਸ ਸਟੈਂਡ ਬਰਨਾਲਾ ਵਿਖੇ ਸਕਰੀਨਿੰਗ ਮੁਹਿੰਮ
* ਆਉਣ-ਜਾਣ ਵਾਲੇ ਮੁਸਾਫਰਾਂ ਦੀ ਕੀਤੀ ਜਾ ਰਹੀ ਹੈ ਸਿਹਤ ਜਾਂਚ: ਸਿਵਲ ਸਰਜਨ
ਬਰਨਾਲਾ, 25 ਮਈ :
ਕਰੋਨਾ ਵਾਇਰਸ ਤੋਂ ਬਚਾਅ ਲਈ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿਹਤ ਵਿਭਾਗ ਵੱਲੋਂ ਬੱਸ ਸਟੈਂਡ ਬਰਨਾਲਾ ਵਿਖੇ ਦੂਜੇ ਜ਼ਿਲ੍ਹਿਆਂ ਤੋਂ ਆਉਣ-ਜਾਣ ਵਾਲੇ ਮੁਸਾਫਿਰਾਂ ਦੀ ਸਕਰੀਨਿੰਗ ਕੀਤੀ ਜਾ ਰਹੀ ਹੈ। ਇਹ ਪ੍ਰਗਟਾਵਾ ਕਰਦੇ ਹੋਏ ਸਿਵਲ ਸਰਜਨ ਡਾ. ਗੁਰਿੰਦਰਬੀਰ ਸਿੰਘ ਨੇ ਦੱਸਿਆ ਕਿ ਕਰੋਨਾ ਵਾਇਰਸ ਸਬੰਧੀ ਲੱਛਣ ਜਿਵੇਂ ਖਾਂਸੀ, ਬੁਖਾਰ, ਜੁਖਾਮ, ਸਾਹ ਲੈਣ ਵਿੱਚ ਤਕਲੀਫ ਆਦਿ ਦੀ ਮੈਡੀਕਲ ਟੀਮ ਵੱਲੋਂ ਸਕਰੀਨਿੰਗ ਕੀਤੀ ਜਾ ਰਹੀ ਹੈ।
ਇਸ ਮੌਕੇ ਡਿਪਟੀ ਮਾਸ ਮੀਡੀਆ ਅਫਸਰ ਕੁਲਦੀਪ ਸਿੰਘ ਨੇ ਦੱਸਿਆ ਕਿ ਮੁਸਾਫਿਰਾਂ ਨੂੰ ਬੱਸ ਸਟੈਂਡ ਅਤੇ ਜਨਤਕ ਥਾਵਾਂ ’ਤੇ ਕਰੋਨਾ ਵਾਇਰਸ ਤੋਂ ਬਚਾਅ ਲਈ ਘਰ ਤੋਂ ਬਾਹਰ ਜਾਣ ਸਮੇਂ ਆਪਣਾ ਮੂੰਹ ਮਾਸਕ ਜਾ ਰੁਮਾਲ ਨਾਲ ਢਕ ਕੇ ਰੱਖਣ, ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿਚਕਾਰ ਦੋ ਮੀਟਰ ਦਾ ਫਾਸਲਾ ਬਣਾ ਕੇ ਰੱਖਣ ਅਤੇ ਆਪਣੇ ਹੱਥਾ ਨੂੰ ਵਾਰ-ਵਾਰ ਸਾਬਣ ਪਾਣੀ ਨਾਲ ਧੋਣ ਬਾਰੇ ਜਾਗਰੂਕ ਕੀਤਾ ਜਾਂਦਾ ਹੈ। ਜੇਕਰ ਖਾਂਸੀ, ਬੁਖਾਰ, ਜੁਖਾਮ, ਸਾਹ ਲੈਣ ਵਿੱਚ ਤਕਲੀਫ ਹੋਵੇ ਤਾਂ ਨੇੜੇ ਦੇ ਸਿਹਤ ਕੇਂਦਰ ਵਿਖੇ ਜਾਂਚ ਕਰਵਾਉਣੀ ਚਾਹੀਦੀ ਹੈ। ਇਸ ਮੌਕੇ ਬੱਸ ਸਟੈਂਡ ਬਰਨਾਲਾ ਵਿਖੇ ਸਿਹਤ ਕਰਮਚਾਰੀ ਮਿੱਠੂ ਸਿੰਘ ਵੱਲੋਂ ਮੁਸਾਫਿਰਾਂ ਦਾ ਤਾਪਮਾਨ ਚੈੱਕ ਕੀਤਾ ਗਿਆ। ਇਸ ਮੌਕੇ ਪੀ.ਆਰ.ਟੀ.ਸੀ ਦੇ ਚੀਫ ਇੰਸਪੈਕਟਰ ਭੂਰਾ ਸਿੰਘ ਅਤੇ ਅੱਡਾ ਇੰਚਾਰਜ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।